# ਪੰਜਾਬੀ ਸਾਹਿਤ ਸਭਾ ‘ਕਲਮ’ ਦੀ ਸਲਾਨਾ ਇਕੱਤਰਤਾ

ਸ੍ਰੀ ਗੁਰੂ ਨਾਨਕ ਦੇਵ ਖਾਲਸਾ ਕਾਲਜ ਦੇਵ ਨਗਰ ਨਵੀਂ ਦਿੱਲੀ ਦੇ ਪੰਜਾਬੀ ਵਿਭਾਗ ਦੇ ਅਧਿਆਪਕਾਂ ਵਲੋਂ ਪੰਜਾਬੀ ਸਾਹਿਤ ਸਭਾ ‘ਕਲਮ’ ਦੀ ਸਲਾਨਾ ਇਕੱਤਰਤਾ ਕਰਵਾਈ ਗਈ ਜਿਸ ਵਿਚ ਭਾਸ਼ਣ ਲੜੀ ਤਹਿਤ ਸਾਡੇ ਆਪਣੇ ਵਿਭਾਗ ਦੇ ਸੀਨੀਅਰ ਐਸੋਸੀਏਟ ਪ੍ਰੋਫੈਸਰ ਡਾ.ਬਲਜਿੰਦਰ ਚੋਹਾਨ (ਨਾਮਵਰ-.ਗ਼ਜ਼ਲਗੋ) ਨੇ ਪੰਜਾਬੀ ਸਾਹਿਤ ਦੇ ਮੁਢਲੇ ਤਿੰਨ ਰੂਪਾਂ ਕਵਿਤਾ,ਨਾਟਕ,ਵਾਰਤਕ ਦੀ ਗੱਲ ਛੁਹਦਿਆਂ ਹੋਇਆਂ ਪੰਜਾਬੀ ਕਾਵਿ ਵਿਧਾ ਬਾਰੇ ਆਪਣੇ ਵਿਚਾਰ ਪੇਸ਼ ਕੀਤੇ।ਇਸ ਵਿਚ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਕਵਿਤਾ ਵਿਚ ਰਿਦਮ ਦਾ ਜ਼ਰੂਰੀ ਹੋਣਾ ਬਾਰੇ ਵੀ ਦੱਸਿਆ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਖੁੱਲ੍ਹੀ ਤੇ ਬੰਦ ਕਵਿਤਾ ਬਾਰੇ ਵੀ ਵਿਸਤ੍ਰਤ ਜਾਣਕਾਰੀ ਦਿੱਤੀ

ਇਸ ਮੌਕੇ ਤੇ ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਡਾ. ਗੁਰਮੋਹਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਜਮਾਤ ਵਿਚ ਸਵਾਲ ਪੁੱਛਣ ਦੀ ਜਗਿਆਸਾ ਲਈ ਪ੍ਰੇਰਿਤ ਕੀਤਾ।ਇਸ ਦੇ ਨਾਲ ਹੀ ਉਨ੍ਹਾਂ ਨੇ ਗੁਰਬਾਣੀ ਵਿਚ ਗੁਰੂ ਨਾਨਕ ਦੇਵ ਜੀ ਦਾ ਹਵਾਲੇ ਦਿੰਦੇ ਹੋਏ ਸੰਬਾਦ ਦਾ ਜ਼ਿਕਰ ਕੀਤਾ ਕਿ ਸੰਬਾਦ ਦਾ ਵਿਦਿਆਰਥੀਆਂ ਅਤੇ ਅਧਿਆਪਕਾਂ ਵਿਚ ਹੋਣਾ ਬਹੁਤ ਜ਼ਰੂਰੀ ਹੈ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਜੋ ਵੀ ਮੁਸ਼ਕਲਾਂ ਆਉਦੀਆਂ ਹਨ ਨੂੰ ਅਧਿਆਪਕਾਂ ਨਾਲ ਸਾਂਝਾ ਕਰਨ ਲਈ ਵੀ ਕਿਹਾ।ਉਨ੍ਹਾਂ ਕਿਹਾ ਅਧਿਆਪਕ ਦਾ ਕੰਮ ਸਿਰਫ ਪੜ੍ਹਾਉਣਾ ਹੀ ਨਹੀਂ ਸਗੋਂ ਵਿਦਿਆਰਥੀਆਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਵਿਚ ਉਨ੍ਹਾਂ ਦੀ ਮਦਦ ਕਰਨਾ ਵੀ ਹੈ। ਉਨ੍ਹਾਂ ਨੇ ਮੁੱਖ ਮਹਿਮਾਨ ਸਾਬਕਾ ਵਾਇਸ ਪ੍ਰਿੰਸੀਪਲ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦੇ ਡਾ. ਹਰਮਿੰਦਰ ਸਿੰਘ ਦਾ ਫੁੱਲਾਂ ਨਾਲ ਸਵਾਗਤ ਕੀਤਾ।

ਇਸ ਪ੍ਰੋਗਰਾਮ ਵਿਚ ਪੰਜਾਬੀ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ ਜਿਸ ਵਿਚੋਂ ਰਣਜੀਤ ਸਿੰਘ ਨੇ ਆਪਣੀ ਕਵਿਤਾ ‘ਤੁਰਦਾ ਤੁਰਦਾ ਮੁੰਡਾ ਇੱਕ’,ਜਸਲੀਨ ਕੌਰ ਨੇ ਆਪਣੀ ਕਵਿਤਾ ‘ਮਾਂ’, ਹਰਕਮਲ ਨੇ ਆਪਣੀ ਕਵਿਤਾ ‘ਇਨਸਾਨੀਅਤ’ ਅਤੇ ਨਮਨ ਨੇ ਆਪਣੀ ਸ਼ਾਇਰੀ ਨੂੰ ਪੇਸ਼ ਕੀਤਾ। ਨੈਨਦੀਪ ਨੇ ਪੰਜਾਬੀ ਸਭਿਆਚਾਰ ਦੀ ਨੁਹਾਰ ਪੇਸ਼ ਕੀਤੀ।ਕਾਲਜ ਦੇ ਪੰਜਾਬੀ ਅਧਿਆਪਕਾਂ ਨੇ ਇਨ੍ਹਾਂ ਵਿਦਿਆਰਥੀਆਂ ਦੇ ਮਨੋਬਲ ਨੂੰ ਪ੍ਰੋਤਸਾਹਿਤ ਕਰਨ ਲਈ ਇਨਾਮ ਵੀ ਦਿੱਤੇ।

ਇਸ ਮੌਕੇ ਤੇ ਪੰਜਾਬੀ ਵਿਭਾਗ ਦੀ ਕਨਵੀਨਰ ਡਾ. ਪਰਮਜੀਤ ਕੌਰ ਨੇ ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਡਾ. ਗੁਰਮੋਹਿੰਦਰ ਸਿੰਘ ਦਾ ਸਵਾਗਤ ਕਰਦੇ ਹੋਏ ਵਿਦਿਆਰਥੀਆਂ ਨੂੰ ਆਪਣੇ ਹੁਨਰ ਦਿਖਾਉਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਵਿਦਿਆਰਥੀਆਂ ਨੂੰ ਕਿਸੇ ਵੀ ਪ੍ਰੋਗਰਾਮ ਵਿਚ ਵਧ-ਚੜ੍ਹ ਕੇ ਹਿੱਸਾ ਲੈਣ ਲਈ ਜਾਗਰੁਕ ਕੀਤਾ।ਉਨ੍ਹਾਂ ਨੇ ਪੰਜਾਬੀ ਸਾਹਿਤਕਾਰਾਂ ਸੰਬੰਧੀ ਵਿਦਿਆਰਥੀਆਂ ਨੂੰ ਜਾਣਕਾਰੀ ਦੇਣ ਲਈ ਪ੍ਰੋਗਰਾਮ ਉਲੀਕਣ ਬਾਰੇ ਵੀ ਕਿਹਾ।ਇਸ ਦੇ ਨਾਲ ਹੀ ਉਨ੍ਹਾਂ ਨੇ ਕਾਲਜ ਦੇ ਅਧਿਆਪਕ ਡਾ. ਬਲਜਿੰਦਰ ਚੋਹਾਨ ਦਾ ਪੰਜਾਬੀ ਕਾਵਿ ਵਿਧਾ ਬਾਰੇ ਵਿਚਾਰ ਪੇਸ਼ ਕਰਨ ਲਈ ਧੰਨਵਾਦ ਕੀਤਾ।



Scanned with CamScanner

ਪ੍ਰੋਗਰਾਮ ਨੂੰ ਸਫਲਤਾ ਦੀ ਸਿਖਰ ਤੇ ਪਹੁੰਚਾਣ ਵਿਚ ਵਿਭਾਗ ਦੇ ਸੀਨੀਅਰ ਅਧਿਆਪਕ ਡਾ.ਬੇਅੰਤ ਕੌਰ,ਡਾ.ਵਿਨੈ ਕੌਰ,ਭੁਪਿੰਦਰ ਪਾਲ ਬਖਸ਼ੀ ਅਤੇ ਡਾ. ਜਸਵਿੰਦਰ ਕੌਰ ਨੇ ਮੁੱਲਵਾਨ ਸੁਝਾਅ ਦੇ ਕੇ ਪ੍ਰੋਗਰਾਮ ਨੂੰ ਸਫਲਤਾ ਦਿਵਾਈ।



Scanned with
CamScanner